ਪ੍ਰਿੰਸੀਪਲ ਜਤਿੰਦਰ ਸਿੰਘ ਗਿੱਲ ਜੀ ਦੀ ਰਹਿਨੁਮਾਈ ਹੇਠ ਮਿਤੀ 12-03-2025 ਨੂੰ ਸਰਕਾਰੀ ਕਾਲਜ ਰੋਪੜ ਦੇ ਕੰਪਿਊਟਰ ਵਿਭਾਗ ਵਲੋਂ ਵਿਦਿਆਰਥੀਆਂ ਦਾ ਇਕ ਵਿੱਦਿਅਕ ਟੂਰ C-DAC ਮੋਹਾਲੀ ਵਿਖੇ ਲਿਜਾਇਆ ਗਿਆ। ਇਸ ਮੌਕੇ C-DAC ਮੋਹਾਲੀ ਦੇ ਡਾਇਰੈਕਟਰ ਕੇ ਸ਼ਰਮਾ ਜੀ ਵਲੋਂ ਵਿਦਿਆਥੀਆਂ ਨੂੰ ਕੰਪਿਊਟਰ ਵਿਸ਼ੇ ਦੇ ਵਿਭਿੰਨ ਕੋਰਸਾਂ ਦੀ ਜਾਣਕਾਰੀ ਦਿੱਤੀ ਗਈ ਅਤੇ ਇਸ ਵਿਚ ਮਿਲਣ ਵਾਲੇ ਅਨੇਕਾਂ ਰੁਜ਼ਗਾਰਾਂ ਤੋਂ ਜਾਣੂ ਕਰਵਾਇਆ ਗਿਆ। ਅਨੇਕਾਂ ਬੁਲਾਰਿਆਂ ਵਲੋਂ ਵਿਦਿਆਰਥੀਆਂ ਨੂੰ ਅਹਿਮ ਜਾਣਕਾਰੀ ਮੁਹੱਈਆ ਕਰਵਾਈ ਗਈ, ਜਿਸ ਵਿਚ A.I, Super Computer, Cyber Security, E Sanjivni, Web Designing, Digital Marketing ਸ਼ਾਮਿਲ ਸਨ। ਇਸ ਮੌਕੇ ਕੰਪਿਊਟਰ ਵਿਭਾਗ ਦੇ 90 ਵਿਦਿਆਰਥੀ ਸ਼ਾਮਿਲ ਸਨ। ਪ੍ਰੋ. ਜੁਪਿੰਦਰ ਕੌਰ, ਪ੍ਰੋ. ਮਨਪ੍ਰੀਤ ਕੌਰ, ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਲਛਮੀ ਦੇਵੀ, ਡਾ. ਮਨਦੀਪ ਕੌਰ ਇਸ ਟੂਰ ਵਿਚ ਵਿਦਿਆਰਥੀਆਂ ਨਾਲ ਸ਼ਾਮਿਲ ਸਨ।